ਗਉੜੀ ਮਹਲਾ ੧ ॥ ਐਸੋ ਦਾਸੁ ਮਿਲੈ ਸੁਖੁ ਹੋਈ ॥ ਦੁਖੁ ਵਿਸਰੈ ਪਾਵੈ ਸਚੁ ਸੋਈ ॥ ੧॥ ਦਰਸਨੁ ਦੇਖਿ ਭਈ ਮਤਿ ਪੂਰੀ ॥ ਅਠਸਠਿ ਮਜਨੁ ਚਰਨਹ ਧੂਰੀ ॥ ੧॥ ਰਹਾਉ ॥ ਨੇਤ੍ਰ ਸੰਤੋਖੇ ਏਕ ਲਿਵ ਤਾਰਾ ॥ ਜਿਹਵਾ ਸੂਚੀ ਹਰਿ ਰਸ ਸਾਰਾ ॥ ੨॥ ਸਚੁ ਕਰਣੀ ਅਭ ਅੰਤਰਿ ਸੇਵਾ ॥ ਮਨੁ ਤ੍ਰਿਪਤਾਸਿਆ ਅਲਖ ਅਭੇਵਾ ॥੩॥ ਜਹ ਜਹ ਦੇਖਉ ਤਹ ਤਹ ਸਾਚਾ ॥ ਬਿਨੁ ਬੂਝੇ ਝਗਰਤ ਜਗੁ ਕਾਚਾ ॥੪॥ ਗੁਰੁ ਸਮਝਾਵੈ ਸੋਝੀ ਹੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥੫॥ ਕਰਿ ਕਿਰਪਾ ਰਾਖਹੁ ਰਖਵਾਲੇ ॥ ਬਿਨੁ ਬੂਝੇ ਪਸੂ ਭਏ ਬੇਤਾਲੇ ॥੬॥ ਗੁਰਿ ਕਹਿਆ ਅਵਰੁ ਨਹੀ ਦੂਜਾ ॥ ਕਿਸੁ ਕਹੁ ਦੇਖਿ ਕਰਉ ਅਨ ਪੂਜਾ ॥੭॥ ਸੰਤ ਹੇਤਿ ਪ੍ਰਭਿ ਤ੍ਰਿਭਵਣ ਧਾਰੇ ॥ ਆਤਮੁ ਚੀਨੈ ਸੁ ਤਤੁ ਬੀਚਾਰੇ ॥੮॥ ਸਾਚੁ ਰਿਦੈ ਸਚੁ ਪ੍ਰੇਮ ਨਿਵਾਸ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸ ॥੯॥੮॥ {ਪੰਨਾ 224}

ਪਦਅਰਥ:- ਦਾਸੁ—ਹਰੀ ਦਾ ਦਾਸ (ਗੁਰੂ)। ਸਚੁ—ਸਦਾ-ਥਿਰ ਪ੍ਰਭੂ (ਦਾ ਮਿਲਾਪ)। ਸੋਈ—ਉਹ ਮਨੁੱਖ ਹੀ।1।

ਦੇਖਿ—ਵੇਖ ਕੇ। ਪੂਰੀ—ਅਭੁੱਲ। ਅਠਸਠਿ—ਅਠਾਹਠ (ਤੀਰਥ)। ਮਜਨੁ—ਇਸ਼ਨਾਨ। ਚਰਨਹ—(ਗੁਰੂ ਦੇ) ਚਰਨਾਂ ਦੀ।1। ਰਹਾਉ।

ਨੇਤ੍ਰ—ਅੱਖਾਂ। ਸੰਤੋਖੇ—ਪਰ ਤਨ-ਰੂਪ ਵੇਖਣ ਵਲੋਂ ਰੱਜ ਜਾਂਦੇ ਹਨ। ਸੂਚੀ—ਪਵਿਤ੍ਰ। ਸਾਰਾ—ਸ੍ਰੇਸ਼ਟ।2।

ਅਭ ਅੰਤਰ—{AËXNqr} ਦਿਲ ਦੇ ਅੰਦਰ। ਅਲਖ ਅਭੇਵ ਸੇਵਾ—ਅਲੱਖ ਅਭੇਵ ਪ੍ਰਭੂ ਦੀ ਸੇਵਾ-ਭਗਤੀ।3।

ਦੇਖਉ—ਦੇਖਉਂ, ਮੈਂ ਵੇਖਦਾ ਹਾਂ। ਸਾਚਾ—ਸਦਾ-ਥਿਰ ਪ੍ਰਭੂ। ਜਗੁ ਕਾਚਾ—(ਵਿਕਾਰਾਂ ਦੇ ਟਾਕਰੇ ਤੇ) ਕਮਜ਼ੋਰ ਮਨ ਵਾਲਾ ਜਗਤ।4।

ਸੋਝੀ—ਇਹ ਸਮਝ ਕਿ ਪ੍ਰਭੂ ਹਰ ਥਾਂ ਮੌਜੂਦ ਹੈ।5।

ਬੇਤਾਲੇ—ਜੀਵਨ-ਤਾਲ ਤੋਂ ਖੁੰਝੇ ਹੋਏ, ਭੂਤਨੇ।6।

ਗੁਰਿ—ਗੁਰੂ ਨੇ। ਕਹੁ—ਦੱਸੋ। ਕਰਉ—ਕਰਉਂ, ਮੈਂ ਕਰਾਂ। ਅਨ ਪੂਜਾ—ਕਿਸੇ ਹੋਰ ਦੀ ਪੂਜਾ।7।

ਸੰਤ ਹੇਤਿ—(ਮਨੁੱਖ ਨੂੰ) ਸੰਤ ਬਣਾਣ ਵਾਸਤੇ। ਪ੍ਰਭਿ—ਪ੍ਰਭੂ ਨੇ। ਤ੍ਰਿਭਵਣ—ਤਿੰਨੇ ਭਵਨ, ਸਾਰੀ ਸ੍ਰਿਸ਼ਟੀ। ਧਾਰੇ—ਰਚੇ ਹਨ। ਆਤਮੁ—ਆਪਣੇ ਆਪ ਨੂੰ। ਚੀਨੈ—ਪਛਾਣਦਾ ਹੈ, ਪਰਖਦਾ ਹੈ। ਤਤੁ—ਅਸਲੀਅਤ।8।

ਰਿਦੈ—ਹਿਰਦੇ ਵਿਚ। ਪ੍ਰਣਵਤਿ—ਬੇਨਤੀ ਕਰਦਾ ਹੈ। ਤਾ ਕੇ—ਉਸ (ਗੁਰੂ) ਦੇ।9।

ਅਰਥ:- (ਹਰੀ ਦੇ ਦਾਸ, ਗੁਰੂ ਦਾ) ਦਰਸਨ ਕਰ ਕੇ ਮਨੁੱਖ ਦੀ ਅਕਲ ਪੂਰੀ (ਸੂਝ ਵਾਲੀ) ਹੋ ਜਾਂਦੀ ਹੈ। (ਗੁਰੂ ਦੇ) ਚਰਨਾਂ ਦੀ ਧੂੜ (ਹੀ) ਅਠਾਹਠ ਤੀਰਥਾਂ ਦਾ ਇਸ਼ਨਾਨ ਹੈ।1। ਰਹਾਉ।

(ਪਰਮਾਤਮਾ ਦਾ) ਇਹੋ ਜਿਹਾ ਦਾਸ (ਜਿਸ ਮਨੁੱਖ ਨੂੰ) ਮਿਲ ਪੈਂਦਾ ਹੈ, (ਉਸ ਦੇ ਅੰਦਰ) ਆਤਮਕ ਆਨੰਦ ਪੈਦਾ ਹੁੰਦਾ ਹੈ। ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਪ੍ਰਾਪਤੀ ਕਰ ਲੈਂਦਾ ਹੈ, ਦੁੱਖ ਉਸ ਦੇ ਨੇੜੇ ਨਹੀਂ ਢੁੱਕਦਾ।1।

ਉਸ ਦੀਆਂ ਅੱਖਾਂ (ਪਰਾਇਆ ਰੂਪ ਤੱਕਣ ਵਲੋਂ) ਰੱਜ ਜਾਂਦੀਆਂ ਹਨ, ਉਸ ਦੀ ਸੁਰਤਿ ਦੀ ਤਾਰ ਇੱਕ ਪਰਮਾਤਮਾ ਵਿਚ ਰਹਿੰਦੀ ਹੈ। ਪਰਮਾਤਮਾ ਦੇ ਨਾਮ ਦਾ ਸ੍ਰੇਸ਼ਟ ਰਸ ਚੱਖ ਕੇ ਉਸ ਦੀ ਜੀਭ ਪਵਿਤ੍ਰ ਹੋ ਜਾਂਦੀ ਹੈ।2।

(ਪਰਮਾਤਮਾ ਦਾ ਅਜੇਹਾ ਦਾਸ, ਗੁਰੂ ਜਿਸ ਮਨੁੱਖ ਨੂੰ ਮਿਲਦਾ ਹੈ) ਪ੍ਰਭੂ ਦਾ ਸਿਮਰਨ ਉਸ ਦੀ (ਨਿੱਤ ਦੀ) ਕਰਣੀ ਬਣ ਜਾਂਦਾ ਹੈ। ਅਲੱਖ ਤੇ ਅਭੇਵ ਪਰਮਾਤਮਾ ਦੀ ਆਪਣੇ ਅੰਦਰ ਸੇਵਾ-ਭਗਤੀ ਕਰ ਕੇ ਉਸ ਦਾ ਮਨ (ਮਾਇਆ ਵਲੋਂ) ਤ੍ਰਿਪਤ ਹੋ ਜਾਂਦਾ ਹੈ।3।

(ਉਸ ਗੁਰੂ ਦੇ ਦੀਦਾਰ ਦੀ ਬਰਕਤਿ ਨਾਲ ਹੀ) ਮੈਂ ਜਿੱਧਰ ਤੱਕਦਾ ਹਾਂ ਉਧਰ ਉਧਰ ਮੈਨੂੰ ਸਦਾ-ਥਿਰ ਪ੍ਰਭੂ ਦਿੱਸਦਾ ਹੈ। ਪਰ ਮਾਇਆ ਦੇ ਟਾਕਰੇ ਤੇ ਕਮਜ਼ੋਰ ਮਨ ਵਾਲਾ ਜਗਤ ਇਸ ਗਿਆਨ ਤੋਂ ਸੱਖਣਾ ਹੋਣ ਕਰਕੇ ਖਹਿ ਖਹਿ ਕਰ ਰਿਹਾ ਹੈ।4।

ਇਹ ਸਮਝ ਕਿ ਪਰਮਾਤਮਾ ਹਰ ਥਾਂ ਮੌਜੂਦ ਹੈ ਉਸੇ ਨੂੰ ਹੁੰਦੀ ਹੈ ਜਿਸ ਨੂੰ ਗੁਰੂ ਇਹ ਸਮਝ ਦੇਵੇ। ਕੋਈ ਵਿਰਲਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਇਹ ਸਮਝ ਪ੍ਰਾਪਤ ਕਰਦਾ ਹੈ।5।

ਹੇ ਰੱਖਣਹਾਰ ਪ੍ਰਭੂ! ਮਿਹਰ ਕਰ, ਤੇ ਜੀਵਾਂ ਨੂੰ (ਖਹਿ ਖਹਿ ਤੋਂ) ਤੂੰ ਆਪ ਬਚਾ। ਗੁਰੂ ਤੋਂ ਗਿਆਨ ਪ੍ਰਾਪਤ ਕਰਨ ਤੋਂ ਬਿਨਾ ਜੀਵ ਪਸ਼ੂ (-ਸੁਭਾਵ) ਬਣ ਰਹੇ ਹਨ, ਭੂਤਨੇ ਹੋ ਰਹੇ ਹਨ।6।

ਮੈਨੂੰ ਸਤਿਗੁਰੂ ਨੇ ਸਮਝਾ ਦਿੱਤਾ ਹੈ ਕਿ ਪ੍ਰਭੂ ਤੋਂ ਬਿਨਾ ਉਸ ਵਰਗਾ ਹੋਰ ਕੋਈ ਨਹੀਂ ਹੈ। ਦੱਸੋ, (ਹੇ ਭਾਈ!) ਮੈਂ ਕਿਸ - ਨੂੰ (ਉਸ ਵਰਗਾ) ਦੇਖ ਕੇ ਕਿਸੇ ਹੋਰ ਦੀ ਪੂਜਾ ਕਰ ਸਕਦਾ ਹਾਂ?।7।

ਪਰਮਾਤਮਾ ਨੇ (ਮਨੁੱਖਾਂ ਨੂੰ) ਸੰਤ ਬਣਾਣ ਲਈ ਇਹ ਸ੍ਰਿਸ਼ਟੀ ਰਚੀ ਹੈ। ਜੇਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਆਪਣੇ ਆਪ ਨੂੰ ਪਛਾਣਦਾ ਹੈ, ਉਹ ਇਸ ਅਸਲੀਅਤ ਨੂੰ ਸਮਝ ਲੈਂਦਾ ਹੈ।8।

(ਗੁਰੂ ਦਾ ਦੀਦਾਰ ਕਰ ਕੇ ਹੀ) ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਨੁੱਖ ਦੇ ਹਿਰਦੇ ਵਿਚ ਨਿਵਾਸ ਕਰਦਾ ਹੈ, ਪਰਮਾਤਮਾ ਦਾ ਪਿਆਰ ਰਿਦੇ ਵਿਚ ਟਿਕਦਾ ਹੈ।

ਨਾਨਕ ਬੇਨਤੀ ਕਰਦਾ ਹੈ,—ਮੈਂ ਭੀ ਉਸ ਗੁਰੂ ਦਾ ਦਾਸ ਹਾਂ।9।8।